08-Dec-PTA-FGS-Pages.qxd 12/8/2024 11:20 AM Page 3

ਗੁਰਦੁਆਰਾ ਥੜ੍ਹਾ ਸਾਹਿਬ ਵਿਖੇ ਸ਼ਹੀਦੀ ਦਿਹਾੜੇ ਮੌਕੇ ਪ੍ਰਚਾਰਕ ਭਾਈ ਸੁਰਜੀਤ ਸਿੰਘ ਕਨ੍ਹਈਆ ਨਾਲ ਬੈਠੇ ਜਥੇਦਾਰ ਬਾਬਾ ਬਲਬੀਰ ਸਿੰਘ ਅਤੇ ਸੰਗਤਾਂ। ਤਸਵੀਰਾਂ : ਗੁਰਦੀਪ ਸ਼ਰਮਾ

ਬੁੱਢਾ ਦਲ ਵਲੋਂ ਗੁ. ਥੜ੍ਹਾ ਸਾਹਿਬ ਵਿਖੇ ਨੌਵੇਂ ਪਾਤਿਸ਼ਾਹ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

ਸਮਾਣਾ, 8 ਦਸੰਬਰ (ਗੁਰਦੀਪ ਸ਼ਰਮਾ)-ਗੁਰਦੁਆਰਾ ਥੜ੍ਹਾ ਸਾਹਿਬ ਪਾ. ਨੌਵੀਂ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਸਮਾਣਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰੂ ਘਰ ਦੇ ਮੁੱਖ ਸੇਵਾਦਾਰ ਬਾਬਾ ਵਿਸ਼ਵਪ੍ਰਤਾਪ ਸਿੰਘ ਦੇ ਵਿਸ਼ੇਸ਼ ਉਪਰਾਲੇ ਸਦਕਾ ਕਰਵਾਏ ਮਹਾਨ ਕੀਰਤਨ ਦਰਬਾਰ ਵਿਚ ਨਾਮਵਰ ਰਾਗੀ ਜਥਿਆਂ ਨੇ ਗੁਰਬਾਣੀ ਮਨੋਹਰ ਕੀਰਤਨ ਕੀਤਾ ਅਤੇ ਕਥਾਵਾਚਕਾਂ, ਢਾਡੀਆਂ ਨੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆਂ। ਤਿੰਨ ਦਿਨਾ ਸਮਾਗਮ ਦੀ ਸੰਪੂਰਨਤਾ ਸਮੇਂ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸੰਬੋਧਨ ਕਰਦਿਆ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦਾ ਆਦਰਸ਼ ਜਿੱਥੇ ਮਾਨਵ ਧਰਮ ਦੀ ਸੁਰੱਖਿਆ ਸੀ ਉੱਥੇ ਮਨੁੱਖ ਜਾਤੀ ਦੇ ਵਿਚਾਰ ਵਿਸ਼ਵਾਸ ਦੀ ਸੁਤੰਤਰਤਾ ਅਤੇ ਉਸ ਦੀ ਜ਼ਮੀਰ ਦੀ ਆਜ਼ਾਦੀ ਵਾਲੇ ਬੁਨਿਆਦੀ ਹੱਕਾਂ-ਅਧਿਕਾਰਾਂ ਦੀ ਬਰਕਰਾਰੀ ਸੀ। ਉਨ੍ਹਾਂ ਕਿਹਾ ਕਿ ਉਸ ਸਮੇਂ ਮੁਗ਼ਲ ਸਾਮਰਾਜ ਵਲੋਂ ਸਾਰੇ ਹਿੰਦੁਸਤਾਨ ਨੂੰ ਇਸਲਾਮ ਦੇ ਝੰਡੇ ਹੇਠ ਲਿਆਉਣ ਲਈ ਜਬਰੀ ਧਰਮ ਬਦਲਣ ਦੀ ਅਪਣਾਈ ਗਈ ਹਿੰਸਕ ਨੀਤੀ ਨੂੰ ਇਕ ਕਰੜੀ ਵੰਗਾਰ ਸੀ। ਸ਼ਹਾਦਤ ਸੰਕਲਪ ਦੀ ਗੱਲ ਕਰਦਿਆ ਕਿਹਾ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਸਿੱਖ ਇਤਿਹਾਸ ਵਿਚ ਇਕ ਨਵਾਂ ਮੋੜ ਸੀ ਜੋ ਧਾਰਮਿਕ, ਰਾਜਨੀਤਿਕ ਅਤੇ ਆਰਥਿਕ ਆਜ਼ਾਦੀ ਦੀ ਖ਼ਾਤਰ ਹੋਈ। ਉਨ੍ਹਾਂ ਕਿਹਾ ਗੁਰੂ ਸਾਹਿਬ ਦੀ ਸ਼ਹਾਦਤ ਭਾਰਤ ਲਈ ਹੀ ਨਹੀਂ ਸਗੋਂ ਸਮੁੱਚੇ ਸੰਸਾਰ ਲਈ ਚਾਨਣ ਮੁਨਾਰੇ ਦਾ ਕਾਰਜ ਕਰ ਰਹੀ ਹੈ। ਇਸ ਮੌਕੇ ਬਾਬਾ ਬਲਬੀਰ ਸਿੰਘ ਅਕਾਲੀ ਨੇ ਸਤਿਗੁਰਾਂ ਦੀ ਅਦੁੱਤੀ ਸ਼ਹਾਦਤ ਮਨਾਉਣ, ਇਲਾਕਾ ਨਿਵਾਸੀਆਂ ਅਤੇ ਸਮਾਣਾ ਸ਼ਹਿਰ ਦੇ ਗੁਰਦੁਆਰਿਆਂ ਦੇ ਪ੍ਰਬੰਧਕ, ਸਕੂਲ ਦੇ ਸਟਾਫ਼ ਤੇ ਵਿਦਿਆਰਥੀਆਂ, ਸੁਖਮਨੀ ਸੇਵਾ ਸੁਸਾਇਟੀਆਂ ਅਤੇ ਸਾਹਿਬ ਸਿੰਘ ਯੂ.ਐਸ.ਏ., ਬਾਬਾ ਸੁਰਜੀਤ ਸਿੰਘ ਯੂ.ਐਸ.ਏ., ਪ੍ਰਿਤਪਾਲ ਸਿੰਘ ਯੂ.ਐਸ.ਏ. ਦਾ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਸਿੱਧ ਪ੍ਰਚਾਰਕ ਭਾਈ ਸੁਖਜੀਤ ਸਿੰਘ ਕਨ੍ਹਈਆ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੀ ਸ਼ਹਾਦਤ ਸਭ ਧਰਮਾਂ ਦੇ ਪੈਰੋਕਾਰਾਂ ਨੂੰ ਰੌਸ਼ਨੀ ਮਾਰਗ ਬਖ਼ਸ਼ਦੀ ਹੈ। ਇਸ ਕੁਰਬਾਨੀ ਨਾਲ ਸਮਾਜ ਨੂੰ ਨਵਾਂ ਦਿਸ਼ਾ ਨਿਰਦੇਸ਼ ਮਿਲਿਆ ਅਤੇ ਲੋਕਾਂ ਵਿਚ ਜ਼ਬਰ ਜੁਲਮ ਨਾਲ ਟੱਕਰ ਲੈਣ ਦਾ ਸਾਹਸ ਪੈਦਾ ਹੋਇਆ। ਇਸ ਮੌਕੇ ਭਾਈ ਗੁਰਪ੍ਰੀਤ ਸਿੰਘ ਹਜੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ, ਭਾਈ ਤਜਿੰਦਰ ਸਿੰਘ (ਜਿੰਦੂ) ਨਾਨਕਸਰ ਵਾਲੇ, ਮਾਤਾ ਵਿਪਨਪ੍ਰੀਤ ਕੌਰ, ਸੰਤ ਬਾਬਾ ਕਸ਼ਮੀਰਾ ਸਿੰਘ ਅਲੋਹਰਾ ਸਾਹਿਬ ਨਾਭੇ ਵਾਲੇ, ਭਾਈ ਗੁਰਜੋਤ ਸਿੰਘ ਹਜੂਰੀ ਰਾਗੀ ਗੁ. ਸ੍ਰੀ ਥੜ੍ਹਾ ਸਾਹਿਬ ਸਮਾਣਾ, ਭਾਈ ਲਖਮੀਰ ਸਿੰਘ ਮਸਤ ਕਵੀਸ਼ਰੀ ਜਥਾ, ਨਿਹੰਗ ਬਾਬਾ ਰਣਜੋਧ ਸਿੰਘ ਜਥਾ, ਸੁਖਮਨੀ ਸੇਵਾ ਸੁਸਾਇਟੀ ਬੀਬੀਆਂ ਦਾ ਜਥਾ ਨੇ ਵੀ ਗੁਰਮਤਿ ਵਿਚਾਰ ਰਾਹੀਂ ਹਾਜ਼ਰੀ ਭਰੀ। ਇਸ ਮੌਕੇ ਬਾਬਾ ਵਿਸ਼ਵਪ੍ਰਤਾਪ ਸਿੰਘ ਨੂੰ ਸ਼ਹੀਦੀ ਦਿਹਾੜਾ ਮਨਾਉਣ ਸਮੇਂ, ਨਗਰ ਕੀਰਤਨ ਤੇ ਕੀਰਤਨ ਦਰਬਾਰ ਲਈ ਪੂਰਨ ਸਹਿਯੋਗ ਦੇਣ ਵਾਲੀਆਂ ਧਾਰਮਿਕ ਸਭਾ ਸੁਸਾਇਟੀਆਂ ਨੂੰ ਸਨਮਾਨਿਤ ਕੀਤਾ। ਇਹ ਸਮਾਗਮ ਗਿਆਨੀ ਜਗਨਜੋਤ ਸਿੰਘ ਵਲੋਂ ਅਰਦਾਸ ਬੇਨਤੀ ਅਤੇ ਹੁਕਮਨਾਮੇ ਉਪਰੰਤ ਸੰਪੰਨ ਹੋਇਆ। ਇਸ ਮੌਕੇ ਬਾਬਾ ਜੱਸਾ ਸਿੰਘ, ਇੰਦਰਪਾਲ ਸਿੰਘ ਫ਼ੌਜੀ, ਬਾਬਾ ਪਰਮਜੀਤ ਸਿੰਘ ਮਹਾਂਕਾਲ, ਬਾਬਾ ਗੁਰਸ਼ੇਰ ਸਿੰਘ, ਬਾਬਾ ਬੂਟਾ ਸਿੰਘ ਲੰਬਵਾਲੀ, ਬਾਬਾ ਗੁਰਮੁਖ ਸਿੰਘ, ਬਾਬਾ ਜੋਗਾ ਸਿੰਘ ਹਨੰਮਾਨਗੜ੍ਹ, ਬਾਬਾ ਸੁਖਦੇਵ ਸਿੰਘ ਸੁੱਖਾ, ਸਾਬਕਾ ਵਿਧਾਇਕ ਰਾਜਿੰਦਰ ਸਿੰਘ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਗੁਪਤਾ, ਬੇਅੰਤ ਸਿੰਘ ਪੱਪੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਬਾਬਾ ਗੋਰਾ ਸਿੰਘ, ਸੀਨੀ. ਅਕਾਲੀ ਆਗੂ ਸੁਭਾਸ਼ ਪੰਜਰਥ, ਮਾਸਟਰ ਜਸਵੀਰ ਸਿੰਘ, ਨੰਬਰਦਾਰ ਬੇਅੰਤ ਸਿੰਘ ਚੀਮਾ, ਗੁਰਦੁਆਰਾ ਸਿੰਘ ਸਭਾ ਪ੍ਰਧਾਨ ਕੁਲਵਿੰਦਰ ਸਿੰਘ ਸਿੱਧੂ, ਹਰਵਿੰਦਰ ਸਿੰਘ ਦਰਦ, ਅਮਰਜੀਤ ਸਿੰਘ ਗੁਰਾਇਆ, ਗੁਰਨਾਮ ਸਿੰਘ ਗਿੱਲ ਆਦਿ ਮੌਜੂਦ ਸਨ।

ਧਰਮ ਸਿੰਘ ਗੋਰਾਇਆ ਰਚਿਤ ਪੁਸਤਕ 'ਰਾਵੀ ਦਾ ਰਾਠ' ਦਾ ਲੋਕ ਅਰਪਣ ਤੇ ਵਿਚਾਰ ਚਰਚਾ ਸਮਾਗਮ ਕਰਵਾਇਆ

ਪਟਿਆਲਾ, 8 ਨਵੰਬਰ (ਕੁਲਵੀਰ ਸਿੰਘ ਧਾਲੀਵਾਲ)-ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਧਰਮ ਸਿੰਘ ਗੋਰਾਇਆ ਰਚਿਤ ਪੁਸਤਕ 'ਰਾਵੀ ਦਾ ਰਾਠ' ਦਾ ਲੋਕ ਅਰਪਣ ਅਤੇ ਵਿਚਾਰ ਚਰਚਾ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿਚ ਵਰਲਡ ਪੰਜਾਬੀ ਸੈਂਟਰ ਦੇ ਡਾਇਰੈਕਟਰ ਪ੍ਰੋ. ਭੀਮ ਇੰਦਰ ਸਿੰਘ ਦੁਆਰਾ ਹਾਜ਼ਰ ਸਾਹਿਤ ਪ੍ਰੇਮੀਆਂ, ਵਿਦਿਆਰਥੀਆਂ ਅਤੇ ਖੋਜਾਰਥੀਆਂ ਦਾ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਧਰਮ ਸਿੰਘ ਗੋਰਾਇਆ ਦੀ ਪੁਸਤਕ 'ਰਾਵੀ ਦਾ ਰਾਠ' ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀ ਪੁਸਤਕਾਂ ਆਉਣ ਵਾਲੀਆਂ ਨਸਲਾਂ ਲਈ ਜਿੱਥੇ ਵਿਰਾਸਤ ਬਣਦੀਆਂ ਨੇ ਉੱਥੇ ਖੋਜੀਆਂ ਲਈ ਇਤਿਹਾਸਕ ਦਸਤਾਵੇਜ ਦੇ ਰੂਪ ਵਿਚ ਵੀ ਅਹਿਮੀਅਤ ਰੱਖਦੀਆਂ ਹਨ। ਇਸ ਮੌਕੇ ਉੱਘੇ ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਸੰਤੋਖ ਸਿੰਘ ਸੁੱਖੀ, ਭਾਸ਼ੋ, ਬਲਵਿੰਦਰ ਸੰਧੂ, ਅਮਰਜੀਤ ਵੜੈਚ, ਹੈਪੀ ਸਿੰਘ, ਕਮਲ ਸਰਾਵਾਂ , ਲੱਛਮੀ ਨਰਾਇਣ ਆਦਿ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਬਲਵਿੰਦਰ ਸਿੰਘ ਅਤੇ ਗਗਨਦੀਪ ਸਿੰਘ ਦੁਆਰਾ ਇਸ ਪੁਸਤਕ ਬਾਰੇ ਵੱਖ-ਵੱਖ ਦ੍ਰਿਸ਼ਟੀਕੋਣਾਂ ਤੋਂ ਪੇਪਰ ਪੜ੍ਹੇ ਗਏ। ਪ੍ਰੋ. ਕਿਰਪਾਲ ਕਜ਼ਾਕ ਅਤੇ ਪ੍ਰੋ. ਮੁਹੰਮਦ ਇਦਰੀਸ ਵੱਲੋਂ ਪੁਸਤਕ ਬਾਰੇ ਗੱਲ ਕਰਦਿਆਂ ਇਸਦਾ ਇਤਿਹਾਸਕ ਅਤੇ ਸਮਕਾਲੀ ਪ੍ਰਸੰਗ ਵਿਚਾਰਿਆ ਗਿਆ। ਡਾ. ਸਵਰਾਜ ਸਿੰਘ ਨੇ ਪੁਸਤਕ ਬਾਰੇ ਕਿਹਾ ਕਿ ਇਸ ਤਰ੍ਹਾਂ ਦੀਆਂ ਪੁਸਤਕਾਂ ਦਾ ਪੰਜਾਬੀ ਵਿਚ ਲਿਖੇ ਜਾਣਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਪੰਜਾਬੀ ਸਿਰਫ ਇਤਿਹਾਸ ਬਣਾਉਣਾ ਹੀ ਜਾਣਦੇ ਸਗੋਂ ਸੰਭਾਲਣਾ ਵੀ ਜਾਣਦੇ ਹਨ। ਪੁਸਤਕ ਦੇ ਲੇਖਕ ਧਰਮ ਸਿੰਘ ਗੋਰਾਇਆਂ ਨੇ ਆਪਣੀ ਇਸ ਆਪਣੀ ਲੇਖਣੀ ਯਾਤਰਾ, ਪੁਸਤਕ ਦੀ ਰਚਨ ਪ੍ਰਕ੍ਰਿਆ ਬਾਰੇ ਅਹਿਮ ਗੱਲਾਂ ਕੀਤੀਆਂ ਅਤੇ ਆਪਣੀ ਪਾਕਿਸਤਾਨ ਦੀ ਯਾਤਰਾ ਬਾਰੇ ਆਪਣੀਆਂ ਯਾਦਾਂ ਤੇ ਤਜ਼ਰਬਿਆਂ ਨੂੰ ਸਾਂਝਾ ਕੀਤਾ। ਇਸ ਤੋਂ ਬਾਅਦ ਧਰਮ ਸਿੰਘ ਗੋਰਾਇਆ ਦੀ ਪੁਸਤਕ 'ਰਾਵੀ ਦਾ ਰਾਠ' ਨੂੰ ਹਾਜ਼ਰ ਵਿਦਵਾਨਾਂ ਵਲੋਂ ਲੋਕ ਅਰਪਣ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਡਾ. ਸੁਰਜੀਤ ਸਿੰਘ ਭੱਟੀ ਨੇ ਧਰਮ ਸਿੰਘ ਗੋਰਾਇਆ ਦੀ ਲੇਖਣੀ ਨੂੰ ਸਰਾਉਂਦਿਆਂ ਕਿਹਾ ਕਿ ਇਹ ਪੁਸਤਕ ਬਹੁਤ ਵੱਖਰੀ ਤਰ੍ਹਾਂ ਦੀ ਪੁਸਤਕ ਹੈ ਜੋ ਇਤਿਹਾਸ ਵਿਚ ਛੁਪਾਏ ਜਾਂ ਗਲਤ ਢੰਗ ਨਾਲ ਪੇਸ਼ ਕੀਤੇ ਤੱਥਾਂ ਨੂੰ ਉਘਾੜਦੀ ਅਤੇ ਸੰਵਾਰਦੀ ਹੈ। ਪ੍ਰੋ. ਭੀਮ ਇੰਦਰ ਸਿੰਘ ਦੁਆਰਾ ਹਾਜ਼ਰ ਸਾਹਿਤ ਪ੍ਰੇਮੀਆਂ ਦਾ ਸਮਾਗਮ ਵਿਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਐਸ.ਡੀ.ਓ. ਦਿਆਲ ਸਿੰਘ, ਬਲਵੀਰ ਕੌਰ, ਡਾ. ਬਲਵਿੰਦਰਜੀਤ ਕੌਰ ਭੱਟੀ ਆਦਿ ਮੌਜੂਦ ਸਨ।

ਚੰਗੀਆਂ ਪੁਸਤਕਾਂ ਆਉਣ ਵਾਲੀਆਂ ਨਸਲਾਂ ਲਈ ਵਿਰਾਸਤ ਬਣਦੀਆਂ ਹਨ- ਡਾ. ਭੀਮਇੰਦਰ ਸਿੰਘ

ਧਰਮ ਸਿੰਘ ਗੁਰਾਇਆ ਰਚਿਤ ਪੁਸਤਕ 'ਰਾਵੀ ਦਾ ਠਾਠ' ਲੋਕ ਅਰਪਣ ਕਰਦੇ ਹੋਏ ਡਾ. ਭੀਮਇੰਦਰ ਸਿੰਘ ਨਾਲ ਹੋਰ। ਅਜੀਤ ਤਸਵੀਰ

ਨਾਭਾ ਦੇ ਪਿੰਡ ਗਦਾਈਆਂ ਵਿਖੇ ਸਰਬ ਭਾਰਤ ਨੌਜਵਾਨ ਸਭਾ ਦੀ ਬੈਠਕ ਦਾ ਦ੍ਰਿਸ਼। ਅਜੀਤ ਤਸਵੀਰ

ਸਰਬ ਭਾਰਤ ਨੌਜਵਾਨ ਸਭਾ ਦੀ ਬੈਠਕ

ਨਾਭਾ, 8 ਦਸੰਬਰ (ਕਰਮਜੀਤ ਸਿੰਘ)-ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾ ਕਾਨਫ਼ਰੰਸ ਜੋ 3 ਤੇ 4 ਜਨਵਰੀ ਨੂੰ ਸੰਗਰੂਰ ਵਿਖੇ ਕੀਤੀ ਜਾਵੇਗੀ, ਜਿਸ ਵਿਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਚੁਣੇ ਹੋਏ ਡੈਲੀਗੇਟ ਹਿੱਸਾ ਲੈਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਰਮਜੀਤ ਢਾਬਾਂ ਸੂਬਾ ਪ੍ਰਧਾਨ ਸਰਬ ਭਾਰਤ ਨੌਜਵਾਨ ਸਭਾ ਪੰਜਾਬ ਨੇ ਪਿੰਡ ਗਦਾਈਆ ਵਿਖੇ ਨੌਜਵਾਨਾਂ ਦੀ ਕੀਤੀ ਗਈ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਮੇਂ-ਸਮੇਂ 'ਤੇ ਰਾਜ ਕਰਨ ਵਾਲੀਆਂ ਸਰਕਾਰਾਂ ਨੇ ਦੇਸ਼ ਦੀ ਜਵਾਨੀ ਨੂੰ ਰੁਜ਼ਗਾਰ ਦੇਣ ਲਈ ਕਦੇ ਸੰਜੀਦਗੀ ਨਹੀਂ ਦਿਖਾਈ, ਸਗੋਂ ਵੋਟਾਂ ਲੈ ਕੇ ਰਾਜ ਸੱਤਾ 'ਤੇ ਕਾਬਜ਼ ਹੋਣ ਤੱਕ ਝੂਠੇ ਲਾਰਿਆਂ 'ਚ ਰੱਖਿਆ ਹੈ। ਢਾਬਾਂ ਨੇ ਅੱਗੇ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾਈ ਕਾਨਫ਼ਰੰਸ ਰੁਜ਼ਗਾਰ ਲਈ ਲੜ ਰਹੇ ਸਾਰੇ ਨੌਜਵਾਨਾਂ ਨੂੰ ਇਕ ਪਲੇਟਫ਼ਾਰਮ 'ਤੇ ਇਕੱਠਾ ਹੋਣ ਦਾ ਸੱਦਾ ਦੇਵੇਗੀ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਬਣੇਗਾ ਦੀ ਪ੍ਰਾਪਤੀ ਲਈ ਸੱਦਾ ਦਿੱਤਾ ਜਾਵੇਗਾ। ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ, ਇਸ਼ਰਤ ਗਦਾਈਆ, ਮਨਜੀਤ ਸਿੰਘ ਮਨੀ, ਬਲਵਿੰਦਰ ਸਿੰਘ, ਮਨਜੀਤ ਸਿੰਘ, ਮਨਪ੍ਰੀਤ ਕੌਰ, ਜਸਵੀਰ ਕੌਰ, ਨਤਾਸ਼ਾ ਮਾਨ ਅਤੇ ਮਨਜੀਤ ਸਿੰਘ ਵੀ ਹਾਜ਼ਰ ਸਨ।

ਨਾਭਾ ਵਿਖੇ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਦੇ ਅਹੁਦੇਦਾਰ ਬਾਬਾ ਸਾਹਿਬ ਦੀ ਪਰਿਤਮਾ 'ਤੇ ਫੁੱਲ ਮਾਲਾ ਭੇਟ ਕਰਨ ਮੌਕੇ। ਤਸਵੀਰ : ਜਗਨਾਰ ਸਿੰਘ ਦੁਲੱਦੀ

ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਵਲੋਂ ਪ੍ਰੀ-ਨਿਰਵਾਣ ਦਿਵਸ ਮਨਾਇਆ

ਨਾਭਾ, 8 ਦਸੰਬਰ (ਜਗਨਾਰ ਸਿੰਘ ਦੁਲੱਦੀ)-ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਵਲੋਂ ਭਰਾਤਰੀ ਜਥੇਬੰਦੀ ਮੋਟਰਸਾਈਕਲ ਰੇਹੜੀ ਯੂਨੀਅਨ ਦੇ ਸਹਿਯੋਗ ਨਾਲ ਡਾ. ਭੀਮ ਰਾਓ ਅੰਬੇਡਕਰ ਦਾ ਮਹਾਂ ਪ੍ਰੀ-ਨਿਰਵਾਣ ਦਿਵਸ ਮਨਾਇਆ ਗਿਆ, ਜਿਸ ਵਿਚ ਪ੍ਰਧਾਨ ਗੁਰਜੰਟ ਸਿੰਘ ਮਹਿਮੀ ਦੀ ਅਗਵਾਈ ਵਿਚ ਮੋਟਰਸਾਈਕਲ ਰੇਹੜੀ ਯੂਨੀਅਨ ਦਾ ਵੱਡਾ ਕਾਫ਼ਲਾ ਸ਼ਾਮਲ ਹੋਇਆ। ਸਵੇਰ ਵੇਲੇ ਡੇਰਾ ਸ੍ਰੀ ਗੁਰੂ ਰਵਿਦਾਸ ਮੰਦਰ ਬੋੜਾਂ ਗੇਟ ਨਾਭਾ ਵਿਖੇ ਇਕੱਠੇ ਹੋ ਕੇ ਵੱਡੇ ਕਾਫ਼ਲੇ ਦੇ ਰੂਪ ਵਿਚ ਪਟਿਆਲਾ ਗੇਟ ਨਾਭਾ ਵਿਖੇ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲ ਮਾਲਾ ਭੇਟ ਕਰਨ ਲਈ ਰਵਾਨਾ ਹੋਏ। ਬਾਬਾ ਸਾਹਿਬ ਦੀ ਪਰਿਤਮਾ 'ਤੇ ਫੁੱਲ ਮਾਲਾ ਅਰਪਿਤ ਕਰਨ ਉਪਰੰਤ ਅਮਰ ਸਿੰਘ ਟੋਡਰਵਾਲ, ਦਲਵੀਰ ਸਿੰਘ ਛੀਟਾਂਵਾਲਾ, ਗੁਰਜੰਟ ਸਿੰਘ ਜੰਟਾ ਮਹਿਮੀ, ਕੁਲਵੰਤ ਸਿੰਘ ਸਰਪੰਚ ਮੇਘ ਕਾਲੋਨੀ, ਬਾਬਾ ਗੁਰਕੀਰਤ ਸਿੰਘ ਅੱਚਲ ਆਦਿ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਸਾਹਿਬ ਦੇ ਅਧੂਰੇ ਮਿਸ਼ਨ ਨੂੰ ਪੂਰਾ ਕਰਨ ਲਈ ਆਪਣੇ ਏਕੇ ਨੂੰ ਮਜ਼ਬੂਤ ਕਰਕੇ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਸੋਸਾਇਟੀ ਦੇ ਅਹੁਦੇਦਾਰ ਰਾਮਧਨ ਸਿੰਘ ਰਾਮਗੜ੍ਹ, ਗੁਰਮੁਖ ਸਿੰਘ ਤੂੰਗਾਂ, ਜਸਵੀਰ ਸਿੰਘ ਫ਼ੌਜੀ, ਰਵਿੰਦਰ ਸਿੰਘ ਕੈਸ਼ੀਅਰ, ਜਸਪਾਲ ਸਿੰਘ, ਹੰਸ ਰਾਜ ਮਹਿਮੀ, ਜਗਮੇਲ ਸਿੰਘ, ਜਰਨੈਲ ਸਿੰਘ ਸਰਪੰਚ ਮੈਹਸ, ਜਗਦੇਵ ਸਿੰਘ ਭੀਲੋਵਾਲ, ਰੇਹੜੀ ਚਾਲਕ ਯੂਨੀਅਨ ਦੇ ਅਹੁਦੇਦਾਰ ਹਰਦੀਪ ਸਿੰਘ ਖੇਖ, ਸਤਪਾਲ ਸਿੰਘ ਬਿੱਲਾ, ਸੁਰਜੀਤ ਸਿੰਘ ਸੀਤਾ, ਹਰਬੰਸ ਲਾਲਕਾ ਮੀਤ ਪ੍ਰਧਾਨ, ਸ਼ੇਰ ਸਿੰਘ ਆਦਿ ਮੌਜੂਦ ਸਨ।

ਸਾਬਕਾ ਚੇਅਰਮੈਨ ਧਰਮ ਸਿੰਘ ਧਾਰੋਕੀ, ਜਥੇਦਾਰ ਗੁਰਮੀਤ ਸਿੰਘ ਕੋਟ ਆਦਿ ਅਕਾਲੀ ਆਗੂ ਗੱਲਬਾਤ ਕਰਦੇ ਹੋਏ। ਤਸਵੀਰ : ਜਗਨਾਰ ਸਿੰਘ ਦੁਲੱਦੀ

ਅਕਾਲੀ ਵਰਕਰਾਂ ਨੇ ਸੁਖਬੀਰ 'ਤੇ ਹੋਏ ਹਮਲੇ ਦੀ ਕੀਤੀ ਨਿੰਦਿਆ

ਨਾਭਾ, 8 ਦਸੰਬਰ (ਜਗਨਾਰ ਸਿੰਘ ਦੁਲੱਦੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਬਾਹਰ ਡਿਊੜੀ ਦੇ ਗੇਟ 'ਤੇ ਪੰਜ ਸਿੰਘ ਸਾਹਿਬਾਨਾਂ ਵਲੋਂ ਲਗਾਈ ਗਈ ਸੇਵਾ ਕਰ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲ